# **ਆਕਾਸ਼ਵਾਣੀ ਜਲੰਧਰ**

# **ਪ੍ਰਦੇਸ਼ਕ ਖਬਰਾਂ ਪੰਜਾਬੀ**

**18:20**

**ਮਿਤੀ : 26-10-2026**

## ***ਪਹਿਲਾਂ ਬੁਲੇਟਿਨ ਦੀਆਂ ਖਾਸ ਖਬਰਾਂ***

- ਪੰਜਾਬ ਸਰਕਾਰ ਵਲੋਂ 100 ਨਵੀਆਂ ਮਿੰਨੀ ਬੱਸਾਂ ਕੀਤੀਆਂ ਗਈਆਂ ਸ਼ੁਰੂ.ਅਗਲੇ ਮਹੀਨੇ 309 ਹੋਰ ਵੱਡੀਆਂ ਬੱਸਾਂ ਸ਼ਾਮਿਲ ਕਰਨ ਦਾ ਐਲਾਨ |

- ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ, ਸੂਬਾ ਸਰਕਾਰ ਦੇ ਰਾਜ ਪੱਧਰੀ ਡਰੱਗ ਸਰਵੇਖਣ 'ਤੇ ਉਠਾਏ ਸਵਾਲ. ਰਿਪੋਰਟ ਨੂੰ ਜਨਤਕ ਕਰਨ ਦੀ ਕੀਤੀ ਮੰਗ |

- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜ੍ਹੀ 2026-27 ਦੌਰਾਨ ਕਣਕ ਦੀਆਂ ਵੱਖ-ਵੱਖ ਕਿਸਮਾਂ ਦਾ ਤਸਦੀਕਸ਼ੁਦਾ ਬੀਜ, ਸਬਸਿਡੀ ਤੇ ਮੁਹੱਈਆ ਕਰਵਾਇਆ ਜਾਵੇਗਾ ।

- ਮਹਾਂਕਾਵਿ ਰਾਮਾਇਣ ਦੇ ਰਚਨਾਕਾਰ, ਮਹਾਰਿਸ਼ੀ ਵਾਲਮੀਕਿ ਦੀ ਜਾ ਜਨਮ ਦਿਹਾੜਾ ਅੱਜ ਦੇਸ਼ ਭਰ ਵਿਚ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ |

- ਕੱਲ੍ਹ ਤੋਂ ਸ਼ੁਰੂ ਹੋ ਰਹੇ ਵੱਕਾਰੀ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੀ ਮੇਜ਼ਬਾਨੀ ਲਈ ਤਿਆਰੀਆਂ ਮੁਕੰਮਲ. ਸਾਰੇ ਮੈਚਾਂ ਲਈ ਦਾਖਿਲਾ ਬਿਲਕੁਲ ਮੁਫ਼ਤ |

## ***ਹੁਣ ਬੁਲੇਟਿਨ ਦੀਆਂ ਖਾਸ ਖਬਰਾਂ***

ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹੈ ਕਿ ਪੰਜਾਬ ਦੇ ਹਰ ਪਿੰਡ ਤੱਕ ਬੱਸਾਂ ਪਹੁੰਚਾਈਆਂ ਜਾਣਗੀਆਂ। ਪਟਿਆਲਾ ਵਿਖੇ ਅੱਜ 100 ਨਵੀਆਂ ਮਿੰਨੀ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕਰਦਿਆਂ ਮੁੱਖ ਮੰਤਰੀ ਨੇ ਹਰੇਕ ਪਿੰਡ ਨੂੰ ਸ਼ਹਿਰਾਂ ਨਾਲ ਜੋੜਨ ਦੀ ਸਰਕਾਰ ਦੀ ਵਚਨਬੱਧਤਾ ਦੁਹਰਾਈ। ਉਨ੍ਹਾਂ ਕਿਹਾ ਕਿ ਇਹ ਨਵੀਆਂ ਬੱਸਾਂ ਦਿਹਾਤੀ ਸੰਪਰਕ ਨੂੰ ਮਜ਼ਬੂਤ ਕਰਨਗੀਆਂ, ਰੋਜ਼ਾਨਾ ਦੇ ਸਫ਼ਰ ਨੂੰ ਆਸਾਨ ਬਣਾਉਣਗੀਆਂ ਅਤੇ ਸਿੱਖਿਆ, ਰੋਜ਼ਗਾਰ ਤੇ ਲੋੜੀਂਦੀਆਂ ਸੇਵਾਵਾਂ ਤੱਕ ਪਹੁੰਚ ਵਿੱਚ ਸੁਧਾਰ ਕਰਨਗੀਆਂ। ਬੱਸਾਂ ਨੂੰ ਹਰੀ ਝੰਡੀ ਦਿਖਾਉਣ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਮੁੱਖ ਮੰਤਰੀ ਨੇ ਦੱਸਿਆ ਕਿ

ਅਗਲੇ ਮਹੀਨੇ ਬੇੜੇ ਵਿੱਚ 309 ਹੋਰ ਵੱਡੀਆਂ ਬੱਸਾਂ ਸ਼ਾਮਿਲ ਕੀਤੀਆਂ ਜਾਣਗੀਆਂ-

byte

ਓਹਨਾਂ ਕਿਹਾ ਇਹ 100 ਨਵੀਆਂ ਮਿੰਨੀ ਬੱਸਾਂ ਪੀ.ਆਰ.ਟੀ.ਸੀ. ਦੇ ਨੌਂ ਡਿਪੂਆਂ ਰਾਹੀਂ ਦਿਹਾਤੀ ਅਤੇ ਛੋਟੇ ਕਸਬਿਆਂ ਦੇ ਰੂਟਾਂ 'ਤੇ ਚੱਲਣਗੀਆਂ। ਇਹ ਬੱਸਾਂ ਪਟਿਆਲਾ, ਬਠਿੰਡਾ, ਚੰਡੀਗੜ੍ਹ, ਸੰਗਰੂਰ, ਬਰਨਾਲਾ, ਬੁਢਲਾਡਾ, ਕਪੂਰਥਲਾ, ਫ਼ਰੀਦਕੋਟ ਅਤੇ ਲੁਧਿਆਣਾ ਸਮੇਤ ਵੱਖ-ਵੱਖ ਡਿਪੂਆਂ ਵਿੱਚ ਵੰਡੀਆਂ ਗਈਆਂ ਨੇ. ਇਸ ਦੌਰਾਨ ਟਰਾਂਸਪੋਰਟ ਮੰਤਰੀ ਹਰਪਾਲ ਸਿੰਘ ਚੀਮਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

---------------------------------------------------------------------------

ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ ਅੱਜ ਸੂਬਾ ਸਰਕਾਰ ਤੋਂ ਹਾਲ ਹੀ ਵਿੱਚ ਕੀਤੇ ਗਏ ਰਾਜ ਪੱਧਰੀ ਡਰੱਗ ਸਰਵੇਖਣ 'ਤੇ ਸਵਾਲ ਉਠਾਏ ਨੇ, ਜਿਸ 'ਤੇ ਸਰਕਾਰੀ ਖਜ਼ਾਨੇ ਨੂੰ ਕਰੋੜਾਂ ਰੁਪਏ ਦਾ ਨੁਕਸਾਨ ਹੋਇਆ ਏ । ਅੱਜ ਚੰਡੀਗੜ੍ਹ ਵਿੱਚ ਇੱਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਦਾਅਵਾ ਕੀਤਾ ਕਿ ਇਸ ਸਰਵੇਖਣ 'ਤੇ 250 ਕਰੋੜ ਰੁਪਏ ਖਰਚ ਹੋਏ ਨੇ. ਸਰਕਾਰ ਨੇ ਸਰਵੇਖਣ ਲਈ 28 ਹਜ਼ਾਰ ਮੁਲਾਜ਼ਮਾਂ ਨੂੰ ਸ਼ਾਮਿਲ  ਕਰਕੇ 65 ਲੱਖ ਪਰਿਵਾਰਾਂ ਨੂੰ ਕਵਰ ਕੀਤਾ ਏ

ਪਰ ਅਜੇ ਤੱਕ ਕੋਈ ਰਿਪੋਰਟ ਜਨਤਕ ਨਹੀਂ ਕੀਤੀ ਏ। ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਇਸ ਰਿਪੋਰਟ ਨੂੰ ਜਨਤਕ ਕੀਤਾ ਜਾਵੇ ਅਤੇ ਇਸ ਨਾਲ ਸੂਬੇ ਨੂੰ ਕੀ ਲਾਭ ਹੋਇਆ ਏ ਇਹ  ਦਸਿਆ ਜਾਵੇ |

---------------------------------------------------------------------------

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜ੍ਹੀ 2026-27 ਦੌਰਾਨ ਰਾਸ਼ਟਰੀ ਖੁਰਾਕ ਸੁਰਖਿਆ ਤੇ ਪੋਸ਼ਣ ਮਿਸ਼ਨ ਸਕੀਮ ਅਧੀਨ ਕਣਕ ਦੀਆਂ ਵੱਖ-ਵੱਖ ਕਿਸਮਾਂ ਦਾ ਤਸਦੀਕਸ਼ੁਦਾ ਬੀਜ, ਸਬਸਿਡੀ ਤੇ ਮੁਹੱਈਆ ਕਰਵਾਇਆ ਜਾਵੇਗਾ। ਇਸ ਬਾਰੇ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫਸਰ, ਫਰੀਦਕੋਟ, ਗੁਰਪ੍ਰੀਤ ਸਿੰਘ, ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ 2 ਹਜ਼ਾਰ ਰੁਪਏ ਪ੍ਰਤੀ ਕੁਇੰਟਲ ਸਹਾਇਤਾ ਨਾਲ ਕਣਕ ਦਾ ਤਸਦੀਕਸ਼ੁਦਾ ਬੀਜ ਕਿਸਾਨਾਂ ਨੂੰ ਮੁਹੱਈਆ ਕਰਵਾਇਆ ਜਾਵੇਗਾ। ਇਹ ਬੀਜ ਕਿਸਾਨ ਵੀਰਾਂ ਨੂੰ ਖਰੀਦ ਸਮੇਂ ਹੀ ਸਹਾਇਤਾ ਰਾਸ਼ੀ ਘਟਾ ਕੇ ਦਿੱਤਾ ਜਾਵੇਗਾ ਅਤੇ ਇੱਕ ਕਿਸਾਨ ਵੱਧ ਤੋਂ ਵੱਧ ਇੱਕ ਹੈਕਟੇਅਰ ਲਈ ਹੀ ਸਬਸਿਡੀ ਵਾਲਾ ਬੀਜ ਪ੍ਰਾਪਤ ਕਰ ਸਕਦਾ ਏ। ਸਬਸਿਡੀ ਵਾਲਾ ਬੀਜ ਹਾਸਿਲ ਕਰਨ ਲਈ ਕਿਸਾਨ ਦਾ ਆਧਾਰ ਨੰਬਰ ਪਹਿਲਾਂ ਕਿਸੇ ਵੀ ਸਾਲ ਕਣਕ ਦੀ ਐਮ.ਐਸ.ਪੀ. 'ਤੇ ਵਿਕਰੀ ਲਈ ਅਨਾਜ ਖਰੀਦ ਪੋਰਟਲ 'ਤੇ ਰਜਿਸਟਰਡ ਹੋਣਾ ਲਾਜ਼ਮੀ ਏ। ਕਿਸਾਨ ਵੀਰਾਂ ਨੂੰ ਜਿਲ੍ਹਾ ਤੇ ਬਲਾਕ ਦਾ ਟੀਚਾ ਪੂਰਾ ਹੋਣ ਤੱਕ ਇਹ ਬੀਜ, ਸਬਸਿਡੀ

ਉੱਪਰ, ਪਹਿਲਾਂ ਆਓ, ਪਹਿਲਾਂ ਪਾਓ ਦੇ ਆਧਾਰ ਤੇ ਮੁਹੱਈਆ ਕਰਵਾਇਆ ਜਾਵੇਗਾ। ਕਿਸਾਨ ਵਧੇਰੇ ਜਾਣਕਾਰੀ ਲਈ ਆਪਣੇ ਪਿੰਡਾਂ ਨਾਲ ਸਬੰਧਤ ਸਰਕਲ ਇੰਚਾਰਜ ਜਾਂ ਬਲਾਕ ਪੱਧਰੀ ਦਫਤਰਾਂ ਦੇ ਅਧਿਕਾਰੀਆਂ ਨਾਲ ਸੰਪਰਕ ਕਰ ਸਕਦੇ ਨੇ.

----------------------------------------------------------------------

ਮਹਾਂਕਾਵਿ ਰਾਮਾਇਣ ਦੇ ਰਚਨਾਕਾਰ, ਮਹਾਰਿਸ਼ੀ ਵਾਲਮੀਕਿ ਦੀ ਜਾ ਜਨਮ ਦਿਹਾੜਾ ਅੱਜ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ | ਰਾਸ਼ਟਰਪਤੀ ਦ੍ਰੋਪਦੀ ਮੁਰਮੂ,ਉਪ ਰਾਸ਼ਟਰਪਤੀ ਸੀ ਪੀ ਰਾਧਾ ਕ੍ਰਿਸ਼ਨਨ, ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਮਹਾਰਿਸ਼ੀ ਵਾਲਮੀਕਿ ਜਯੰਤੀ ਦੇ ਮੌਕੇ 'ਤੇ ਰਾਸ਼ਟਰ ਨੂੰ ਵਧਾਈਆਂ ਦਿੱਤੀਆਂ ਨੇ.

----------------------------------------------------------------------

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਸ੍ਰੀ ਗੁਲਾਬ ਚੰਦ ਕਟਾਰੀਆ ਨੇ ਅੱਜ ਪੰਜਾਬ ਲੋਕ ਭਵਨ ਵਿਖੇ ਭਗਵਾਨ ਵਾਲਮੀਕਿ ਜਯੰਤੀ ਦੇ ਸ਼ੁਭ ਮੌਕੇ 'ਤੇ ਭਗਵਾਨ ਵਾਲਮੀਕਿ ਨੂੰ ਸ਼ਰਧਾਂਜਲੀ ਭੇਟ ਕੀਤੀ। ਭਗਵਾਨ ਵਾਲਮੀਕਿ ਦੀਆਂ ਸਿੱਖਿਆਵਾਂ ਨੂੰ ਯਾਦ ਕਰਦਿਆਂ, ਸ੍ਰੀ ਕਟਾਰੀਆ ਨੇ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਸਮਾਜ ਵਿੱਚ ਸਦਭਾਵਨਾ, ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਉਤਸ਼ਾਹਿਤ ਕਰਨ ਦਾ ਸੰਦੇਸ਼ ਦਿੱਤਾ। ਪੰਜਾਬ ਦੇ ਮੁਖ ਮੰਤਰੀ ਭਗਵੰਤ

ਸਿੰਘ ਮਾਨ ਨੇ ਵੀ ਇਸ ਮੌਕੇ ਸਾਰਿਆਂ ਨੂੰ ਵਧਾਈ ਦਿੰਦਿਆਂ ਇੱਕ ਸੋਸ਼ਲ ਮੀਡੀਆ ਪੋਸਟ 'ਚ ਲਿਖਿਆ ਕਿ ਭਗਵਾਨ ਵਾਲਮੀਕਿ ਜੀ ਵੱਲੋਂ ਦਿੱਤਾ ਗਿਆ ਸੱਚ, ਧਰਮ ਅਤੇ ਨੇਕੀ ਦਾ ਸੁਨੇਹਾ ਅੱਜ ਵੀ ਸਾਡੇ ਸਮਾਜ ਲਈ ਇੱਕ ਵੱਡਾ ਚਾਨਣ ਮੁਨਾਰਾ ਏ. ਇਸ ਮੌਕੇ ਸ਼੍ਰੀ ਮਾਨ ਨੇ ਅੰਮ੍ਰਿਤਸਰ 'ਚ ਭਗਵਾਨ ਵਾਲਮੀਕੀ ਸਥਲ ਵਿਖੇ ਵਾਲਮੀਕੀ ਜੀ ਦਾ ਜਨਮ ਦਿਹਾੜਾ ਮਨਾਉਣ ਦੇ ਸਮਾਰੋਹ 'ਚ ਵੀ ਹਿੱਸਾ ਲਿਆ.

-----------------------------------------------------------------------

ਚੌਥੇ ਪਾਤਸ਼ਾਹ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਸਮਾਗਮਾਂ ਦੇ ਮੱਦੇਨਜ਼ਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਸਭਾ-ਸੁਸਾਇਟੀਆਂ ਅਤੇ ਸੰਗਤਾਂ ਦੇ ਸਹਿਯੋਗ ਨਾਲ ਅੱਜ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਨਗਾਰਿਆਂ, ਜੈਕਾਰਿਆਂ ਅਤੇ ਨਰਸਿੰਙਿਆਂ ਦੀ ਗੂੰਜ ਵਿਚ ਨਗਰ ਕੀਰਤਨ ਦੀ ਆਰੰਭਤਾ ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਅਰਦਾਸ ਉਪਰੰਤ ਹੋਈ ਏ । ਨਗਰ ਕੀਰਤਨ ਸ੍ਰੀ ਅਕਾਲ ਤਖਤ ਸਾਹਿਬ ਤੋਂ ਆਰੰਭ ਹੋ ਕੇ ਪੁਰਾਤਨ ਸ਼ਹਿਰ ਦੇ ਸਾਰੇ 12 ਇਤਿਹਾਸਿਕ ਦਰਵਾਜਿਆਂ ਦੇ ਬਾਹਰਵਾਰ ਹੁੰਦਾ ਦੇਰ ਸ਼ਾਮ ਸ੍ਰੀ ਅਕਾਲ ਤਖਤ ਸਾਹਿਬ ਵਿਖੇ ਪਹੁੰਚ ਕੇ ਸੰਪੂਰਨ ਹੋਇਆ। ਨਗਰ ਕੀਰਤਨ ਦੌਰਾਨ ਅਨੇਕਾਂ ਪੰਥਕ ਸਖਸ਼ੀਅਤਾਂ, ਸ਼੍ਰੋਮਣੀ ਕਮੇਟੀ ਦੇ ਮੈਂਬਰਾਂ ਤੇ ਅਧਿਕਾਰੀਆਂ ਅਤੇ ਗੁਰੂ ਜਸ ਗਾਇਨ ਕਰਦਿਆਂ ਸੰਗਤਾਂ ਨੇ ਵੱਡੀ

ਗਿਣਤੀ ਚ ਸ਼ਿਰਕਤ ਕੀਤੀ। ਭਲਕੇ 27 ਅਕਤੂਬਰ ਨੂੰ ਸ੍ਰੀ ਗੁਰੂ ਰਾਮਦਾਸ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅਨੇਕਾਂ ਸਮਾਗਮ ਕਰਾਏ ਜਾਣਗੇ. ਸ਼ਾਮ ਵੇਲੇ ਸ੍ਰੀ ਦਰਬਾਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜੀ ਕੀਤੀ ਜਾਵੇਗੀ।

---------------------------------------------------------------------

ਵਿਦੇਸ਼ਾਂ ਵਿੱਚ ਨੌਕਰੀ ਅਤੇ ਰਿਹਾਇਸ਼ੀ ਵੀਜ਼ਾ ਦਿਵਾਉਣ ਦੇ ਨਾਂ ’ਤੇ ਧੋਖਾਧੜੀ ਕਰਨ ਵਾਲੀਆਂ ਫਰਜ਼ੀ ਵੀਜ਼ਾ ਅਤੇ ਮਾਈਗ੍ਰੇਸ਼ਨ ਏਜੰਸੀਆਂ ਤੋਂ ਭਾਰਤੀ ਨਾਗਰਿਕਾਂ ਨੂੰ ਸੁਚੇਤ ਰਹਿਣ ਦੀ ਸਲਾਹ ਦਿੱਤੀ ਗਈ ਏ । ਭਾਰਤੀ ਦੂਤਘਰ, ਅਬੂ ਧਾਬੀ ਅਤੇ ਭਾਰਤ ਦੇ ਕੌਂਸਲ ਜਨਰਲ, ਦੁਬਈ ਅਤੇ ਉੱਤਰੀ ਅਮੀਰਾਤ ਨੂੰ ਅਜਿਹੀਆਂ ਏਜੰਸੀਆਂ ਵਿਰੁੱਧ ਭਾਰਤੀ ਨਾਗਰਿਕਾਂ ਤੋਂ ਸ਼ਿਕਾਇਤਾਂ ਪ੍ਰਾਪਤ ਹੋ ਰਹੀਆਂ ਨੇ, ਜੋ ਭਾਰਤ ਤੋਂ ਬਾਹਰ, ਸੰਯੁਕਤ ਅਰਬ ਅਮੀਰਾਤ ਸਮੇਤ ਵੱਖ-ਵੱਖ ਥਾਵਾਂ ’ਤੇ ਸਰਗਰਮ ਨੇ. ਇਹ ਏਜੰਸੀਆਂ ਸੋਸ਼ਲ ਮੀਡੀਆ ’ਤੇ ਇਸ਼ਤਿਹਾਰ ਦੇ ਕੇ ਦੂਜੇ ਦੇਸ਼ਾਂ ਵਿੱਚ ਨੌਕਰੀ ਅਤੇ ਰਿਹਾਇਸ਼ੀ ਵੀਜ਼ਾ ਦਿਵਾਉਣ ਦੇ ਦਾਅਵੇ ਕਰਦੀਆਂ ਨੇ. ਇਸ ਦੇ ਬਦਲੇ ਬਿਨੈਕਾਰਾਂ ਤੋਂ ਫੀਸ ਵਸੂਲੀ ਜਾਂਦੀ ਏ, ਪਰ ਬਾਅਦ ਵਿੱਚ ਨਾ ਤਾਂ ਵਾਅਦੇ ਮੁਤਾਬਿਕ ਸੇਵਾਵਾਂ ਦਿੱਤੀਆਂ ਜਾਂਦੀਆਂ ਨੇ ਅਤੇ ਨਾ ਹੀ ਉਨ੍ਹਾਂ ਦੀ ਰਕਮ ਵਾਪਸ ਕੀਤੀ ਜਾਂਦੀ ਏ । ਭਾਰਤੀ ਨਾਗਰਿਕਾਂ ਨੂੰ ਸਲਾਹ ਦਿੱਤੀ ਗਈ ਏ ਕਿ ਉਹ ਸਿਰਫ਼ ਸੋਸ਼ਲ ਮੀਡੀਆ ’ਤੇ ਪ੍ਰਕਾਸ਼ਿਤ

ਇਸ਼ਤਿਹਾਰਾਂ ਦੇ ਆਧਾਰ ’ਤੇ ਕਿਸੇ ਵੀ ਏਜੰਸੀ ’ਤੇ ਭਰੋਸਾ ਨਾ ਕਰਨ। ਖ਼ਾਸ ਤੌਰ ’ਤੇ ਭਾਰਤ ਤੋਂ ਬਾਹਰ ਕੰਮ ਕਰ ਰਹੀਆਂ ਨਿੱਜੀ ਵੀਜ਼ਾ ਅਤੇ ਮਾਈਗ੍ਰੇਸ਼ਨ ਏਜੰਸੀਆਂ ਨਾਲ ਲੈਣ-ਦੇਣ ਕਰਦੇ ਸਮੇਂ ਪੂਰੀ ਸਾਵਧਾਨੀ ਵਰਤੀ ਜਾਵੇ। ਜਿਸ ਦੇਸ਼ ਵਿੱਚ ਜਾਣ ਲਈ ਵੀਜ਼ਾ ਪ੍ਰਾਪਤ ਕਰਨਾ ਹੋਵੇ, ਉਸ ਦੇਸ਼ ਦੀਆਂ ਵੀਜ਼ਾ ਸਬੰਧੀ ਸ਼ਰਤਾਂ, ਅਰਜ਼ੀ ਦੇਣ ਦੀ ਪ੍ਰਕਿਰਿਆ ਅਤੇ ਨੌਕਰੀ ਜਾਂ ਰਿਹਾਇਸ਼ੀ ਵੀਜ਼ਾ ਹਾਸਲ ਕਰਨ ਦੇ ਅਧਿਕਾਰਤ ਤਰੀਕਿਆਂ ਬਾਰੇ ਜਾਣਕਾਰੀ ਸਬੰਧਤ ਦੇਸ਼ ਦੇ ਦੂਤਾਵਾਸ ਜਾਂ ਕੌਂਸਲੇਟ ਤੋਂ ਸਿੱਧੇ ਤੌਰ ’ਤੇ ਪ੍ਰਾਪਤ ਕੀਤੀ ਜਾਵੇ।

---------------------------------------------------------------------------

ਮਰਦਾਂ ਦੀ 9ਵੀਂ ਹੀਰੋ ਹਾਕੀ ਏਸ਼ਿਆਈ ਚੈਂਪੀਅਨਜ਼ ਟਰਾਫ਼ੀ 2026 ਕੱਲ੍ਹ ਤੋਂ ਪੰਜਾਬ ਵਿੱਚ ਸ਼ੁਰੂ ਹੋ ਰਹੀ ਏ । ਇਸ ਹਫ਼ਤੇ ਚੱਲਣ ਵਾਲੇ ਹਾਕੀ ਮੁਕਾਬਲੇ ਦਾ ਉਦਘਾਟਨੀ ਸਮਾਰੋਹ ਅਤੇ ਲੀਗ ਮੈਚ ਜਲੰਧਰ ਦੇ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿੱਚ ਹੋਵੇਗਾ । ਪੰਜਾਬ ਵਿੱਚ ਕਰਾਏ ਜਾ ਰਹੇ ਇਸ ਪਹਿਲੇ ਵੱਡੇ ਮਹਾਂਦੀਪੀ ਹਾਕੀ ਟੂਰਨਾਮੈਂਟ ਵਿੱਚ ਮੇਜ਼ਬਾਨ ਭਾਰਤ, ਮਲੇਸ਼ੀਆ, ਚੀਨ, ਜਾਪਾਨ, ਦੱਖਣੀ ਕੋਰੀਆ ਅਤੇ ਬੰਗਲਾਦੇਸ਼ ਸਮੇਤ ਛੇ ਪ੍ਰਮੁੱਖ ਹਾਕੀ ਦੇਸ਼ ਹਿੱਸਾ ਲੈ ਰਹੇ ਨੇ -

ਪੇਸ਼ ਏ ਇੱਕ ਰਿਪੋਰਟ –

ਵਿਸ਼ਵ-ਮਿਆਰਾਂ ਅਨੁਸਾਰ ਤਿਆਰ ਕੀਤੇ ਗਏ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ, ਜਲੰਧਰ ਅਤੇ ਓਲੰਪੀਅਨ ਬਲਬੀਰ ਸਿੰਘ ਸੀਨੀਅਰ ਇੰਟਰਨੈਸ਼ਨਲ ਹਾਕੀ ਸਟੇਡੀਅਮ, ਮੋਹਾਲੀ ਦੋਵੇਂ ਹੀ ਇਸ ਚੈਂਪੀਨਸ਼ਿਪ ਲਈ ਪੂਰੀ ਤਰਾਹ ਤਿਆਰ ਹਨ। ਜਲੰਧਰ ਵਿਖੇ ਕੱਲ੍ਹ ਤੋਂ 4 ਨਵੰਬਰ ਤੱਕ ਹਰ ਦਿਨ ਤਿੰਨ ਮੈਚ ਹੋਣਗੇ, ਜਿਨ੍ਹਾਂ ਵਿੱਚ ਸ਼ਾਮ ਵੇਲੇ ਫਲੱਡ-ਲਾਈਟਾਂ ਹੇਠ ਵੀ ਰੋਜ਼ਾਨਾ ਇਕ ਮੈਚ ਖੇਡਿਆ ਜਾਵੇਗਾ । ਫਾਈਨਲ ਅਤੇ ਸੈਮੀਫਾਈਨਲ 4 ਅਤੇ 5 ਨਵੰਬਰ ਨੂੰ ਮੋਹਾਲੀ ਸਟੇਡੀਅਮ ਵਿਖੇ ਖੇਡੇ ਜਾਣਗੇ। ਭਾਰਤ ਅਤੇ ਬੰਗਲਾਦੇਸ਼ ਵਿਚਕਾਰ ਉਦਘਾਟਨੀ ਮੈਚ ਕਲ ਸ਼ਾਮ ਖੇਡਿਆ ਜਾਵੇਗਾ ਜਦਕਿ ਦਿਨ ਵੇਲੇ ਮਲੇਸ਼ੀਆ ਅਤੇ ਚੀਨ ਅਤੇ ਜਾਪਾਨ ਬਨਾਮ ਦੱਖਣੀ ਕੋਰੀਆ ਵਿਚਕਾਰ ਮੈਚ ਹੋਣਗੇ । ਟੀਮਾਂ ਪਹਿਲਾਂ ਹੀ ਪੰਜਾਬ ਪਹੁੰਚ ਚੁੱਕੀਆਂ ਹਨ ਅਤੇ ਉਨ੍ਹਾਂ ਦਾ ਪੰਜਾਬੀ ਰਵਾਇਤੀ ਨਾਲ ਨਿੱਘਾ ਸਵਾਗਤ ਕੀਤਾ ਗਿਆ ਹੈ। ਇਸ ਵੱਕਾਰੀ ਚੈਂਪੀਅਨਸ਼ਿਪ ਵਿੱਚ ਹਿੱਸਾ ਲੈਣ ਵਾਲੀ ਹਰ ਟੀਮ ਦਾ ਸੁਪਨਾ - 'ਹੀਰੋ ਏਸ਼ੀਅਨ ਚੈਂਪੀਅਨਜ਼ ਟਰਾਫੀ - ਵੀ ਵੱਖ-ਵੱਖ ਜ਼ਿਲ੍ਹਿਆਂ ਦੇ ਆਪਣੇ ਹਫ਼ਤੇ ਭਰ ਲੰਬੇ ਦੌਰੇ ਤੋਂ ਬਾਅਦ ਅਜ ਜਲੰਧਰ ਪਹੁੰਚ ਗਈ ਏ ।

---------------------------------------------------------------------

ਜਲੰਧਰ ਆਕਾਸ਼ਵਾਣੀ ਦੇ ਪ੍ਰਾਇਮਰੀ ਚੈਨਲ ਸਮੇਤ ਆਕਾਸ਼ਵਾਣੀ ਦੇ ਸਾਰੇ Rainbow ਚੈਨਲ, ਭਾਰਤ ਨਾਲ ਖੇਡੇ ਜਾਣ ਵਾਲੇ ਸਾਰੇ ਮੈਚਾਂ ਅਤੇ ਸੇਮੀ ਫਾਈਨਲ 'ਤੇ ਫਾਈਨਲ ਮੈਚਾਂ ਦਾ ਅੱਖੀਂ ਡਿੱਠਾ ਹਾਲ ਹਿੰਦੀ ਅਤੇ ਅੰਗਰੇਜ਼ੀ ਵਿਚ ਪ੍ਰਸਾਰਿਤ ਕਰਨਗੇ । ਖੇਡ ਪ੍ਰੇਮੀਆਂ, ਨੌਜੁਆਨਾਂ ਅਤੇ ਪਰਿਵਾਰਾਂ ਵਿਚ ਉਤਸ਼ਾਹ ਭਰਨ ਲਈ ਪੰਜਾਬ ਸਰਕਾਰ ਨੇ ਸਾਰੇ ਮੈਚਾਂ ਲਈ ਦਾਖਲਾ ਬਿਲਕੁਲ ਮੁਫਤ ਰਖਣ ਦਾ ਐਲਾਨ ਕੀਤਾ ਏ.

---------------------------------------------------------------------

ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ ਤੋਂ ਪਹਿਲਾਂ ਦੀ ਸ਼ਾਮ ਅੱਜ ਭਾਰਤੀ ਹਾਕੀ ਦੇ ਮਹਾਨ ਖਿਡਾਰੀ, ਓਲੰਪੀਅਨ ਸੁਰਜੀਤ ਸਿੰਘ ਨੂੰ ਨਿੱਘੀ ਸ਼ਰਧਾਂਜਲੀ ਭੇਟ ਕਰਦਿਆਂ ਅੱਜ ਓਲੰਪੀਅਨ ਸੁਰਜੀਤ ਸਿੰਘ ਹਾਕੀ

ਸਟੇਡੀਅਮ ਵਿਖੇ ਓਹਨਾਂ ਦੇ ਕਾਂਸੀ ਦੇ ਬੁੱਤ ਦਾ ਅੱਜ ਉਦਘਾਟਨ ਕੀਤਾ ਗਿਆ |

-----------------------------------------------------------------------

- ਪੰਜਾਬ ਸਰਕਾਰ ਵਲੋਂ 100 ਨਵੀਆਂ ਮਿੰਨੀ ਬੱਸਾਂ ਕੀਤੀਆਂ ਗਈਆਂ ਸ਼ੁਰੂ.ਅਗਲੇ ਮਹੀਨੇ 309 ਹੋਰ ਵੱਡੀਆਂ ਬੱਸਾਂ ਸ਼ਾਮਿਲ ਕਰਨ ਦਾ ਐਲਾਨ.

- ਪੰਜਾਬ ਭਾਜਪਾ ਦੇ ਸਾਬਕਾ ਪ੍ਰਧਾਨ ਸੁਨੀਲ ਜਾਖੜ ਨੇ, ਸੂਬਾ ਸਰਕਾਰ ਦੇ ਰਾਜ ਪੱਧਰੀ ਡਰੱਗ ਸਰਵੇਖਣ 'ਤੇ ਉਠਾਏ ਸਵਾਲ. ਰਿਪੋਰਟ ਨੂੰ ਜਨਤਕ ਕਰਨ ਦੀ ਕੀਤੀ ਮੰਗ.

- ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਵੱਲੋਂ ਹਾੜ੍ਹੀ 2026-27 ਦੌਰਾਨ ਕਣਕ ਦੀਆਂ ਵੱਖ-ਵੱਖ ਕਿਸਮਾਂ ਦਾ ਤਸਦੀਕਸ਼ੁਦਾ ਬੀਜ, ਸਬਸਿਡੀ ਤੇ ਮੁਹੱਈਆ ਕਰਵਾਇਆ ਜਾਵੇਗਾ।

- ਮਹਾਂਕਾਵਿ ਰਾਮਾਇਣ ਦੇ ਰਚਨਾਕਾਰ, ਮਹਾਰਿਸ਼ੀ ਵਾਲਮੀਕਿ ਦੀ ਜਾ ਜਨਮ ਦਿਹਾੜਾ ਅੱਜ ਦੇਸ਼ ਭਰ ਵਿਚ ਪੂਰੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਏ |

- ਕੱਲ੍ਹ ਤੋਂ ਸ਼ੁਰੂ ਹੋ ਰਹੇ ਵੱਕਾਰੀ ਹਾਕੀ ਏਸ਼ੀਅਨ ਚੈਂਪੀਅਨਜ਼ ਟਰਾਫੀ-2026 ਦੀ ਮੇਜ਼ਬਾਨੀ ਲਈ ਤਿਆਰੀਆਂ ਮੁਕੰਮਲ. ਸਾਰੇ ਮੈਚਾਂ ਲਈ ਦਾਖਿਲਾ ਬਿਲਕੁਲ ਮੁਫ਼ਤ |

---

***ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗ 7.30 ਨਮਸਕਾਰ***